# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-05-2024**

- ਪੰਜਾਬ ਸਮੇਤ ਦੇਸ਼ ਦੇ ਸੱਤ ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ 'ਚ, ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ, ਖੁਲੇ ਆਮ ਚੋਣ ਪ੍ਰਚਾਰ ਖਤਮ ਹੋ ਗਿਆ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸੂਬੇ ਵਿੱਚ ਲੋਕ ਸਭਾ ਚੋਣਾਂ ਦੌਰਾਨ, ਪਾਰਦਰਸ਼ੀ ਤੇ ਨਿਰਪੱਖ ਚੋਣ ਅਮਲ ਨੇਪਰੇ ਚਾੜ੍ਹਨ ਲਈ, DCS ਤੇ SSPS ਨੂੰ ਨਿਰਦੇਸ਼ ਜਾਰੀ ਕੀਤੇ।
- ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨ ਵੋਟਰ ਬੇਸਬਰੀ ਨਾਲ ਪਹਿਲੀ ਜੂਨ ਦਾ ਇੰਤਜ਼ਾਰ ਕਰ ਰਹੇ ਨੇ।
- ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ।

---

ਪੰਜਾਬ ਸਮੇਤ ਦੇਸ਼ ਦੇ ਸੱਤ ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ, ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ ਖੁਲੇ ਆਮ ਚੋਣ ਪ੍ਰਚਾਰ, ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਖਤਮ ਹੋ ਗਿਆ ਏ। ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂਆਂ ਨੇ ਅੱਜ ਆਖਰੀ ਦਿਨ ਪ੍ਰਚਾਰ ਵਿਚ ਆਪਣੀ ਪੂਰੀ ਵਾਹ ਲਗਾਈ। ਇਸ ਗੇੜ ਵਿਚ 57 ਸੰਸਦੀ ਹਲਕਿਆਂ ਵਿੱਚ ਵੋਟਾਂ ਪੈਣਗੀਆਂ ਅਤੇ ਕੁੱਲ 904 ਉਮੀਦਵਾਰ ਮੈਦਾਨ ਵਿੱਚ ਨੇ । ਇਨ੍ਹਾਂ ਵਿੱਚ ਉੱਤਰ ਪ੍ਰਦੇਸ਼ ਅਤੇ ਪੰਜਾਬ ਦੇ 13- 13, ਪੱਛਮੀ ਬੰਗਾਲ ਦੇ 9, ਬਿਹਾਰ ਦੇ 8, ਉੜੀਸਾ ਦੇ 6, ਹਿਮਾਚਲ ਪ੍ਰਦੇਸ਼ ਦੇ 4, ਝਾਰਖੰਡ ਦੇ 3 ਹਲਕੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦਾ ਇੱਕ ਹਲਕਾ ਸ਼ਾਮਲ ਏ । ਓਡੀਸ਼ਾ ਦੇ 42 ਵਿਧਾਨ ਸਭਾ ਹਲਕਿਆਂ 'ਤੇ ਵੀ ਇਸ ਗੇੜ 'ਚ ਇੱਕੋ ਸਮੇਂ ਵੋਟਾਂ ਪੈਣਗੀਆਂ।

---

ਲੋਕ ਸਭਾ ਚੋਣ ਪ੍ਰਚਾਰ ਦੇ ਆਖਰੀ ਦਿਨ ਅੱਜ ਭਾਰਤੀ ਜਨਤਾ ਪਾਰਟੀ

ਦੇ ਸੀਨੀਅਰ ਆਗੂ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹੁਸ਼ਿਆਰਪੁਰ 'ਚ ਚੋਣ ਰੈਲੀ ਨੂੰ ਸੰਬੋਧਨ ਕੀਤਾ, ਜਦਕਿ BJP ਦੇ ਰਾਸ਼ਟਰੀ ਪ੍ਰਧਾਨ ਜੇ.ਪੀ.ਨੱਡਾ ਨੇ ਅੰਮ੍ਰਿਤਸਰ, ਫਰੀਦਕੋਟ ਅਤੇ ਰੂਪਨਗਰ 'ਚ ਰੋਡ ਸ਼ੋਅ ਤੇ ਰੈਲੀਆਂ ਕੀਤੀਆਂ। ਏਧਰ ਕਾਂਗਰਸ ਪਾਰਟੀ ਦੇ ਆਗੂ ਰਾਹੁਲ ਗਾਂਧੀ ਨਵਾਂਸ਼ਹਿਰ ਦੇ ਖਟਕੜ ਕਲਾਂ ਪਹੁੰਚੇ ਜਦਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਗ੍ਰਹਿ ਨਗਰ ਸੰਗਰੂਰ ਵਿਖੇ ਰੋਡ ਸ਼ੋਅ ਕੀਤਾ।

---------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਸੂਬੇ ਵਿੱਚ ਲੋਕ ਸਭਾ ਚੋਣਾਂ ਦੌਰਾਨ ਪਾਰਦਰਸ਼ੀ ਤੇ ਨਿਰਪੱਖ ਚੋਣ ਅਮਲ ਨੇਪਰੇ ਚਾੜ੍ਹਨ ਦੇ ਨਾਲ-ਨਾਲ, ਵੱਧ ਤੋਂ ਵੱਧ ਵੋਟਿੰਗ ਫੀਸਦ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਅਤੇ ਐਸ ਐਸ ਪੀਜ਼ ਨੂੰ ਵਿਆਪਕ ਨਿਰਦੇਸ਼ ਜਾਰੀ ਕੀਤੇ ਨੇ। ਉਨਾਂ ਅਧਿਕਾਰੀਆਂ ਨੂੰ ਵੋਟਾਂ ਤੋਂ ਪਹਿਲਾਂ ਦੇ 48 ਘੰਟਿਆਂ ਦੌਰਾਨ, ਹਲਕੇ ਤੋਂ ਬਾਹਰਲੇ ਲੋਕਾਂ ਦੀ ਆਵਾਜਾਈ ‘ਤੇ ਤਿੱਖੀ ਨਜ਼ਰ

ਰੱਖਣ ਲਈ ਆਖਿਆ ਏ। ਇਸ ਤੋਂ ਇਲਾਵਾ ਫਲਾਇੰਗ ਸਕੁਐਡ ਅਤੇ ਸਟੈਟਿਕ ਸਰਵੇਲੈਂਸ ਟੀਮਾਂ ਨੂੰ ਵੀ ਪੋਲਿੰਗ ਖ਼ਤਮ ਹੋਣ ਤੱਕ ਚੌਕਸੀ ਵਧਾਉਣ ਲਈ ਕਿਹਾ ਗਿਆ ਏ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਵਾਲੀ ਰਾਤ ਵੱਧ ਸ਼ਿਕਾਇਤਾਂ ਪ੍ਰਾਪਤ ਹੋਣ ਨੂੰ ਧਿਆਨ ਵਿੱਚ ਰੱਖਦਿਆਂ, ਇਸ ਪਾਸੇ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਸਿਬਿਨ ਸੀ ਨੇ ਕਿਹਾ ਕਿ ਪੋਲਿੰਗ ਸਟੇਸ਼ਨਾਂ 'ਤੇ ਮੋਬਾਈਲ ਫੋਨ ਜਾਂ ਹੋਰ ਇਲੈਕਟ੍ਰਾਨਿਕ ਉਪਕਰਨ ਲਿਜਾਣ ਜਾਂ ਇਸਦੀ ਵਰਤੋਂ ਦੀ ਸਖ਼ਤ ਮਨਾਹੀ ਏ। ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਦੇ ਸਬੰਧ ਵਿੱਚ ਉਨਾਂ ਕਿਸੇ ਵੀ ਖ਼ਰਾਬ ਜਾਂ ਸਹੀ ਢੰਗ ਨਾਲ ਕੰਮ ਨਾ ਕਰਨ ਵਾਲੀ ਮਸ਼ੀਨ 10 ਤੋਂ 20 ਮਿੰਟਾਂ ਦੇ ਅੰਦਰ-ਅੰਦਰ ਬਦਲਣ ਦੀ ਹਦਾਇਤ ਕੀਤੀ ਏ। ਉਨਾਂ ਪੋਲਿੰਗ ਸਟਾਫ਼ ਦੀ ਸਹੂਲਤ ਲਈ ਪੋਲਿੰਗ ਸਟੇਸ਼ਨਾਂ ਅਤੇ ਡਿਸਟ੍ਰੀ-ਬਿਊਸ਼ਨ ਤੇ ਰਿਸੀਵਿੰਗ ਸੈਂਟਰਾਂ ‘ਤੇ ਖਾਣ-ਪੀਣ ਅਤੇ ਰਿਹਾਇਸ਼ ਦੇ ਉਚਿਤ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ ਨੇ। ਸਿਬਿਨ ਸੀ ਨੇ ਕਿਹਾ ਕਿ ਵੋਟਿੰਗ ਤੋਂ ਬਾਅਦ ਪੋਲਿੰਗ ਸਟਾਫ਼ ਦੇ ਘਰ ਜਾਣ ਲਈ

ਟਰਾਂਸਪੋਰਟ ਦੇ ਢੁੱਕਵੇਂ ਪ੍ਰਬੰਧ ਕਰਨ ਤੋਂ ਇਲਾਵਾ, ਸਟਾਫ਼ ਨੂੰ ਮਾਣਭੱਤੇ ਦੀ ਸਮੇਂ ਸਿਰ ਵੰਡ ਯਕੀਨੀ ਬਣਾਇਆ ਜਾਵੇ।

------------------------------------------------------------

ਏਧਰ ਪ੍ਰਚਾਰ ਖਤਮ ਹੋਣ ਤੋਂ ਬਾਅਦ ਪਾਰਟੀਆਂ ਦੇ ਸਟਾਰ ਪ੍ਰਚਾਰਕਾਂ ਨੂੰ ਵੀ ਸੂਬੇ ਨੂੰ ਛੱਡਣਾ ਪਵੇਗਾ । ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਸ਼ਾਮ 6 ਵਜੇ ਤੋਂ ਡਰਾਈ ਡੇਅ ਰਹੇਗਾ ਅਤੇ ਸ਼ਰਾਬ ਦੇ ਠੇਕੇ ਵੀ ਬੰਦ ਕਰ ਦਿੱਤੇ ਜਾਣਗੇ, ਜਿਹੜੇ ਪਹਿਲੀ ਜੂਨ ਨੂੰ ਵੋਟਾਂ ਪੈਣ ਤੋਂ ਬਾਅਦ ਖੁੱਲ੍ਹਣਗੇ । ਕਿਸੇ ਵੀ ਹੋਟਲ ਜਾਂ ਰੇਸਤਰਾਂ ਵਿਚ ਸ਼ਰਾਬ ਨਹੀਂ ਦਿੱਤੀ ਜਾਵੇਗੀ । ਸਾਰੇ ਜ਼ਿਲ੍ਹਿਆਂ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਨੇ । ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਏ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ । ਹਾਲਾਤ ਤੇ ਨਜ਼ਰ ਰੱਖਣ ਲਈ ਕਮਿਸ਼ਨ ਦੀਆਂ ਸਮੁੱਚੀਆਂ ਟੀਮਾਂ ਸਰਗਰਮ ਰਹਿਣਗੀਆਂ। ਮਤਦਾਨ ਮੁਕੰਮਲ ਹੋਣ ਤੋਂ 48 ਘੰਟੇ ਪਹਿਲਾਂ, ਭਾਵ ਚੋਣ ਪ੍ਰਚਾਰ ਖਤਮ ਹੁੰਦੇ ਸਾਰ ਹੀ ਇਲੈਕਟ੍ਰਾਨਿਕ ਮੀਡੀਆ ਸਮੇਤ ਰੇਡੀਓ-ਟੈਲੀਵੀਜ਼ਨ, ਸੋਸ਼ਲ ਮੀਡੀਆ ’ਤੇ ਹੋਣ ਵਾਲੇ ਸਿਆਸੀ

ਪ੍ਰਚਾਰ, ਇਸ਼ਤਿਹਾਰ ’ਤੇ ਵੀ ਰੋਕ ਲੱਗ ਜਾਵੇਗੀ। ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਐਗਜ਼ਿਟ ਪੋਲ ਅਤੇ ਓਪੀਨੀਅਨ ਪੋਲ ’ਤੇ ਵੀ ਇਹ ਰੋਕ ਲਾਗੂ ਹੋਵੇਗੀ । ਅੱਜ ਸ਼ਾਮ 6 ਵਜੇ ਤੋਂ ਬਾਅਦ ਰੇਡੀਓ, ਟੈਲੀਵੀਜ਼ਨ, ਸਿਨੇਮਾ, ਸੋਸ਼ਲ ਮੀਡੀਆ, ਬਲਕ SMS ਜਾਂ ਪ੍ਰੀ-ਰਿਕਾਰਡਡ SMS ਸੁਨੇਹਿਆਂ ਸਮੇਤ ਅਜਿਹੇ ਹੋਰ ਕਿਸੇ ਵੀ ਸਾਧਨ ’ਤੇ ਚੋਣ ਪ੍ਰਚਾਰ ਨਹੀਂ ਕੀਤਾ ਜਾ ਸਕੇਗਾ ਅਤੇ ਨਾ ਹੀ ਸਿਆਸੀ ਇਸ਼ਤਿਹਾਰ ਦਿੱਤਾ ਜਾ ਸਕੇਗਾ । ਚੋਣ ਅਮਲ ਵਿੱਚ ਭਾਗ ਲੈ ਰਹੀਆਂ ਸਿਆਸੀ ਪਾਰਟੀਆਂ ਅਤੇ ਉਮੀਦਵਾਰ 31 ਮਈ ਤੇ ਪਹਿਲੀ ਜੂਨ ਨੂੰ ਛਪਣ ਵਾਲੀਆਂ ਅਖਬਾਰਾਂ ਵਿੱਚ ਆਪਣੇ ਇਸ਼ਤਿਹਾਰ ਮੀਡੀਆ ਸਰਟੀਫ਼ਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪ੍ਰਵਾਨਗੀ ਉਪਰੰਤ ਹੀ ਛਪਵਾ ਸਕਦੇ ਨੇ।

-----------------------------------------------------------

ਗੁਰਦਾਸਪੁਰ ਲੋਕ ਸਭਾ ਹਲਕੇ ਅਧੀਨ ਆਉਂਦੇ ਫਤਹਿਗੜ੍ਹ ਚੂੜੀਆਂ ਵਿਚ, ਆਦਰਸ਼ ਚੋਣ ਜ਼ਾਬਤੇ ਨੂੰ ਸਹੀ ਢੰਗ ਨਾਲ ਲਾਗੂ ਨਾ ਕਰਾਉਣ ਵਾਲੇ ਫਤਹਿਗੜ੍ਹ ਚੂੜੀਆਂ ਦੇ BDPO ਪਰਗਟ ਸਿੰਘ ਸਮੇਤ 6 ਗ੍ਰਾਮ

ਰੋਜ਼ਗਾਰ ਸੇਵਕਾਂ ਨੂੰ, ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਮੁਅੱਤਲ ਕਰ ਦਿੱਤਾ ਗਿਆ ਏ। ਚੋਣ ਜ਼ਾਬਤੇ ਦੀਆਂ ਉਲੰਘਨਾਵਾਂ ਦੀਆਂ ਸ਼ਿਕਾਇਤਾਂ ਮਿਲਣ ਤੋਂ ਬਾਅਦ, ਗੁਰਦਾਸਪੁਰ ਦੇ ਰਿਟਰਨਿੰਗ ਅਫਸਰ ਤੇ ਜ਼ਿਲ੍ਹਾ ਚੋਣ ਅਧਿਕਾਰੀ ਨੇ ਇਸ ਸੰਬੰਧੀ ਫੈਸਲਾ ਲਿਆ। ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਫਤਹਿਗੜ੍ਹ ਚੂੜੀਆਂ ਦੇ ਵਿਧਾਇਕ ਦੀ ਸ਼ਿਕਾਇਤ ਮਿਲੀ ਸੀ, ਕਿ ਇਕ ਸਰਕਾਰੀ ਪਾਰਕ ਵਿਚ ਇੰਟਰਲਾਕਿੰਗ ਟਾਈਲਾਂ ਲਵਾਈਆਂ ਜਾ ਰਹੀਆਂ ਨੇ, ਜਿਹੜਾ ਕਿ ਚੋਣ ਜ਼ਾਬਤੇ ਦੀ ਉਲੰਘਣਾ ਏ। ਮਾਮਲੇ ਦੀ ਪੜਤਾਲ ਤੋਂ ਬਾਅਦ ਇਹ ਸ਼ਿਕਾਇਤ ਸਹੀ ਪਾਏ ਜਾਣ ਤੇ ਕਾਰਵਾਈ ਕੀਤੀ ਗਈ ਏ। ਇਸੇ ਤਰ੍ਹਾਂ ਫਤਹਿਗੜ੍ਹ ਚੂੜੀਆਂ ਦੇ ਪਿੰਡ ਬੱਦੋਵਾਲ ਕਲਾਂ ਵਿਚ ਸੀਮਿੰਟ ਦੇ ਬੈਂਚ ਵੰਡਣ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ, ਪਿੰਡ ਦੇ ਹੀ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ।

---------------------------------------------------

ਮੁਹਾਲੀ ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ, ਡੀ. ਏ. ਸੀ. ਕੰਪਲੈਕਸ ਤੋਂ ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ

ਸੋਹਾਣਾ, ਮੋਹਾਲੀ ਤੱਕ "ਯੂਥ ਚਲਿਆ ਬੂਥ" ਜਾਗਰੂਕਤਾ ਰੈਲੀ ਦੀ ਅਗਵਾਈ ਕੀਤੀ। ਇਸ ਦਾ ਮਕਸਦ ਨੌਜਵਾਨ ਵੋਟਰਾਂ ਨੂੰ, ਪਹਿਲੀ ਜੂਨ ਨੂੰ ਲੋਕਤੰਤਰ ਲਈ ਵੋਟ ਪਾਉਣ ਲਈ ਉਤਸ਼ਾਹਿਤ ਕਰਨਾ ਰਿਹਾ। ਗਰੀਨ ਟੀ-ਸ਼ਰਟਾਂ ਅਤੇ ਕੈਪਾਂ ਵਿੱਚ ਸਜੇ ਭਾਗੀਦਾਰਾਂ ਦੇ ਨਾਲ ਗਰੀਨ ਇਲੈਕਸ਼ਨ ਦਾ ਪ੍ਰਚਾਰ ਕਰਦੇ ਹੋਏ, ਉਨਾਂ ਕਿਹਾ ਕਿ ਜ਼ਿਲ੍ਹੇ ਵਿੱਚ 18 ਤੋਂ 19 ਸਾਲ ਦੀ ਉਮਰ ਦੇ 19 ਹਜ਼ਾਰ 702 ਨੌਜਵਾਨ ਵੋਟਰ ਨੇ ਅਤੇ ਅਸੀਂ ਪਹਿਲੀ ਜੂਨ ਨੂੰ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੇ ਵੋਟਰ ਨੂੰ ਵੋਟ ਪਾਉਣ ਦਾ ਸੰਦੇਸ਼ ਦੇ ਰਹੇ ਹਾਂ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰ ਦੇ ਤਿਉਹਾਰ ਵਿੱਚ ਪੂਰੇ ਉਤਸ਼ਾਹ ਨਾਲ ਵੋਟ ਪਾਉਣ ਅਤੇ ਪੋਲਿੰਗ ਫ਼ੀਸਦ ਵਿੱਚ ਜ਼ਿਲ੍ਹੇ ਨੂੰ ਨੰਬਰ ਇੱਕ ਬਣਾਉਣ।

-----------------------------------------------------

ਇਸ ਦੌਰਾਨ ਸੂਬੇ ਵਿਚ ਪਹਿਲੀ ਬਾਰ ਵੋਟ ਪਾਉਣ ਵਾਲੇ 18 ਤੋਂ 19 ਸਾਲ ਦੇ 5 ਲੱਖ 38 ਹਜ਼ਾਰ 715 ਵੋਟਰ ਨੇ। ਆਪਣੇ ਵੋਟ ਦੇ ਵਡਮੁਲੇ ਹੱਕ ਦੀ ਵਰਤੋਂ ਕਰਨ ਲਈ, ਇਨਾਂ ਨੌਜਵਾਨ ਵੋਟਰਾਂ

ਵਿਚ ਕਾਫੀ ਉਤਸ਼ਾਹ ਵੇਖਿਆ ਜਾ ਰਿਹਾ ਏ ਅਤੇ ਇਹ ਪਹਿਲੀ ਜੂਨ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਨੇ।

---------------------------------------------------------------

ਓਧਰ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਸਰਾਵਾਂ ਬੋਦਲਾ ਦੇ ਵਾਸੀ 103 ਸਾਲ ਤੋਂ ਵੱਧ ਉਮਰ ਦੇ ਵੋਟਰ ਅੰਗਰੇਜ ਸਿੰਘ ਨੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ। ਇਹ ਇਲਾਕਾ ਫਿਰੋਜ਼ਪੁਰ ਲੋਕਸਭਾ ਹਲਕੇ ਦਾ ਹਿੱਸਾ ਏ।

---------------------------------------------------------------

ਏਧਰ ਬਰਨਾਲਾ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਕਿ ਵੋਟਰਾਂ ਲਈ ਹੀਟ ਵੇਵ ਮੈਨਜਮੈਂਟ ਸਿਸਟਮ ਤਿਆਰ ਕੀਤਾ ਗਿਆ ਏ, ਜਿਸ ਤਹਿਤ ਗਰਮੀ ਤੋਂ ਬਚਾਅ ਲਈ ਕਈ ਸਹੂਲਤਾਂ ਮਤਦਾਨ ਕੇਂਦਰਾਂ ਤੇ ਵੋਟਰਾਂ ਨੂੰ ਦਿੱਤੀਆਂ ਜਾਣਗੀਆਂ। ਉਨਾਂ ਲੋਕਾਂ ਨੂੰ ਆਪਣੇ ਨਾਲ ਮੋਬਾਈਲ ਫੋਨ ਨਾ ਲਿਆਉਣ ਅਤੇ ਲੋਕਤੰਤਰ ਦੇ ਇਸ ਪਰਵ ਵਿਚ ਵੱਧ ਚੜ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਏ।

---------------------------------------------------------

ਇਸ ਦੌਰਾਨ ਲੋਕ ਸਭਾ ਚੋਣਾਂ ਵਿੱਚ ਨੌਜਵਾਨ ਵੋਟਰਾਂ ਨੂੰ ਵੱਧ ਤੋਂ ਵੱਧ ਵੋਟ ਪਾਉਣ ਲਈ ਜਾਗਰੂਕ ਕਰਨ ਪ੍ਰਤੀ ਸਵੀਪ ਗਤੀਵਿਧੀਆਂ ਤਹਿਤ ਹੁਸ਼ਿਆਰਪੁਰ ਵਿਖੇ, ਯੁਵਕ ਸੇਵਾਵਾਂ ਭਲਾਈ ਵਿਭਾਗ ਨੇ ਅੱਜ ਇੱਕ ਵਾਕਾਥੌਨ ਦਾ ਆਯੋਜਨ ਕੀਤਾ । 'ਯੂਥ ਚੱਲਿਆ ਬੂਥ' ਥੀਮ ਤਹਿਤ ਆਯੋਜਿਤ ਇਸ ਵਾਕਾਥੌਨ ਵਿੱਚ ਤਕਰੀਬਨ 300 ਨੌਜਵਾਨਾਂ ਨੇ ਹਿਸਾ ਲਿਆ । ਵਿਭਾਗ ਦੇ ਸਹਾਇਕ ਨਿਰਦੇਸ਼ਕ ਪ੍ਰੀਤ ਕੋਹਲੀ ਨੇ ਇਸ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ । ਜਿਲਾ ਪ੍ਰਸ਼ਾਸਕੀ ਕੰਪਲੈਕਸ ਤੋਂ ਸ਼ੁਰੂ ਹੋ ਕੇ ਚੰਡੀਗੜ੍ਹ ਰੋਡ ਅਤੇ ਸ਼ਹੀਦ ਭਗਤ ਸਿੰਘ ਚੌਂਕ ਤੋਂ ਹੁੰਦੀ ਹੋਈ ਇਹ ਵਾਕਾਥਾਨ ਡੀ.ਏ.ਵੀ ਕਾਲਜ ਵਿਖੇ ਸੰਪੰਨ ਹੋਈ । ਪ੍ਰੀਤ ਕੋਹਲੀ ਨੇ ਕਿਹਾ ਕਿ ਦੇਸ਼ ਦੇ ਭਵਿੱਖ ਦੀ ਵਾਗ ਡੋਰ ਨੌਜਵਾਨਾਂ ਹੱਥ ਏ. ਇਸ ਲਈ ਲੋਕਤੰਤਰ ਦੀ ਮਜਬੂਤੀ ਦੇ ਮਕਸਦ ਨਾਲ ਇਹ ਹੋਰ ਵੀ ਜਰੂਰੀ ਹੋ ਜਾਂਦਾ ਏ ਕਿ ਨੌਜਵਾਨ ਚੋਣਾਂ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਰੱਖਣ ਅਤੇ ਆਪਣੀ ਵੋਟ ਪਾਉਣਾ ਯਕੀਨੀ ਕਰਨ । ਵਾਕਾਥਾਨ ਵਿੱਚ ਸ਼ਾਮਲ ਨੌਜਵਾਨਾਂ ਨੂੰ ਵੋਟ ਪਾਉਣ ਦੀ ਸਹੁੰ ਵੀ ਚੁਕਾਈ ਗਈ ।

-----------------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਤੇ ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ, ਪਰ ਮੌਸਮ ਵਿਭਾਗ ਅਨੁਸਾਰ ਅੱਜ ਤੋਂ ਪਹਿਲੀ ਜੂਨ ਤਕ ਕਿਤੇ ਕਿਤੇ ਹਨੇਰੀ ਝੱਖੜ ਤੇ ਬੂੰਦਾਬਾਂਦੀ ਨਾਲ ਤਾਪਮਾਨ ਕੁਝ ਹੇਠਾਂ ਆ ਸਕਦਾ ਏ। ਸੂਬੇ ਵਿਚ ਵਗਦੇ ਲੂ ਦੇ ਥਪੇੜੇ ਹਰ ਕਿਸੇ ਨੂੰ ਪਰੇਸ਼ਾਨ ਕਰ ਰਹੇ ਨੇ ਅਤੇ ਆਮ ਜਨ-ਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਏਧਰ ਬੀਤੀ ਰਾਤ ਜਲੰਧਰ ਸਮੇਤ ਕਈ ਥਾਂਵਾਂ ਤੇ ਅਚਾਨਕ ਆਏ ਹਨੇਰੀ ਝੱਖੜ ਨਾਲ ਬਿਜਲੀ ਗੁਲ ਹੋ ਗਈ। ਕਈ ਜ਼ਿਲਿਆਂ ਵਿਚ ਕੁਝ ਦੇਰ ਲਈ ਕਿਣ ਮਿਣ ਵੀ ਹੋਈ ਹਾਲਾਂਕਿ ਇਸ ਦਾ ਗਰਮੀ ਦੇ ਜ਼ੋਰ ਵਿਚ ਕੋਈ ਖਾਸ ਫਰਕ ਨਹੀਂ ਪਿਆ। ਜਬਰਦਸਤ ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।

***ਹੋਰ ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ***

ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਛ

***ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੈਮ੍ਬ੍ਰਾਂ ਦਾ ਬਚਾਵ ਕੀਤਾ ਜਾ ਸਕਦਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

----------------------------------------------------

- ਪੰਜਾਬ ਸਮੇਤ ਦੇਸ਼ ਦੇ ਸੱਤ ਸੂਬਿਆਂ ਅਤੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਲੋਕਸਭਾ ਚੋਣਾਂ ਦੇ ਸਤਵੇਂ ਤੇ ਆਖਰੀ ਗੇੜ 'ਚ, ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ, ਖੁਲੇ ਆਮ ਚੋਣ ਪ੍ਰਚਾਰ ਖਤਮ ਹੋ ਗਿਆ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸੂਬੇ ਵਿੱਚ ਲੋਕ ਸਭਾ ਚੋਣਾਂ ਦੌਰਾਨ, ਪਾਰਦਰਸ਼ੀ ਤੇ ਨਿਰਪੱਖ ਚੋਣ ਅਮਲ ਨੇਪਰੇ ਚਾੜ੍ਹਨ ਲਈ, DCS ਤੇ SSPS ਨੂੰ ਨਿਰਦੇਸ਼ ਜਾਰੀ ਕੀਤੇ।
- ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨ ਵੋਟਰ ਬੇਸਬਰੀ ਨਾਲ ਪਹਿਲੀ ਜੂਨ ਦਾ ਇੰਤਜ਼ਾਰ ਕਰ ਰਹੇ ਨੇ।
- ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ।